ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ 10 **ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ **ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸੰਕਟਮਈ ਦੌਰ 'ਚੋਂ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਹੋ ਕੇ ਨਿਕਲੇਗਾ- ਸੁੱਖ ਜੌੜਾ

ਜ਼ੀਰਾ, 8 ਦਸੰਬਰ (ਰਜਨੀਸ਼ ਕਬੂਰੀਆ)- ਮੌਜੂਦਾ ਸੰਕਟਮਈ ਦੌਰ 'ਚੋਂ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਹੋ ਕੇ ਨਿਕਲੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਯੂਥ ਅਕਾਲੀ ਦਲ ਪੰਜਾਬ ਦੇ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਸੁੱਖ ਜੌੜਾ ਨੇ ਇੱਥੇ ਇਸ ਪ੍ਰਤੀਨਿਧੀ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਸ਼੍ਰੋਮਣੀ ਅਕਾਲੀ ਦਲ ਸੱਤਾ ਵਿਚ ਸੀ ਤਾਂ ਇਸ ਤੋਂ ਕਿਨਾਰਾ ਕਰਨ ਵਾਲੇ ਸਾਰੇ ਅਕਾਲੀ ਆਗੂਆਂ ਨੇ ਸੱਤਾ ਦਾ ਸੁੱਖ ਭੋਗਿਆ ਅਤੇ ਜੇਕਰ ਹੁਣ ਸੱਤਾ ਤੋਂ ਬਾਹਰ ਹੈ ਤਾਂ ਹੌਲੀ-ਹੌਲੀ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦਾ ਸਾਥ ਛੱਡ ਕੇ ਦਿੱਲੀ ਦੀ ਇਕ ਰਾਜਨੀਤਿਕ ਪਾਰਟੀ ਦੇ ਇਸ਼ਾਰਿਆਂ 'ਤੇ ਸੁਖਬੀਰ ਸਿੰਘ ਬਾਦਲ ਦੇ ਖ਼ਿਲਾਫ਼ ਸਾਜਿਸ਼ਾਂ ਰਚਣ ਲੱਗ ਪਏ। ਸੁੱਖ ਜੌੜਾ ਨੇ ਅੱਗੇ ਕਿਹਾ ਕਿ ਸਾਲ 2015 'ਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਜਾਣੇ-ਅਣਜਾਣੇ ਵਿਚ ਜੋ ਵੀ ਗ਼ਲਤੀਆਂ ਹੋਈਆਂ ਹਨ, ਉਸ ਦੇ ਲਈ ਇਸ ਤੋਂ ਪਾਸਾ ਵੱਟ ਕੇ ਗਏ ਮੰਤਰੀ ਅਤੇ ਹੋਰ ਆਗੂ ਵੀ ਬਰਾਬਰ ਦੇ ਜ਼ਿੰਮੇਵਾਰ ਹਨ ਪਰ ਉਨ੍ਹਾਂ ਨੇ ਸਾਰੀਆਂ ਗ਼ਲਤੀਆਂ ਦਾ ਠੀਕਰਾ ਸੁਖਬੀਰ ਸਿੰਘ ਬਾਦਲ ਦੇ ਸਿਰ ਭੰਨਦਿਆਂ ਉਸ ਨੂੰ ਬਦਨਾਮ ਕੀਤਾ।

ਸੁਖਵਿੰਦਰ ਸਿੰਘ ਸੁੱਖ ਜੌੜਾ

ਬਾਦਲ 'ਤੇ ਹਮਲਾ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਨਲਾਇਕੀ- ਧਾਲੀਵਾਲ

ਮੁੱਦਕੀ, 8 ਦਸੰਬਰ (ਭਾਰਤ ਭੂਸ਼ਨ ਅਗਰਵਾਲ)- ਸੁਖਬੀਰ ਸਿੰਘ ਬਾਦਲ ਉੱਪਰ ਬੀਤੇ ਦਿਨੀਂ ਹੋਇਆ ਹਮਲਾ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਨਾਲਾਇਕੀ ਦਾ ਪ੍ਰਤੱਖ ਨਤੀਜਾ ਹੈ, ਜੋ ਪੰਜਾਬ ਦੀ ਕਾਨੂੰਨ ਅਤੇ ਸੁਰੱਖਿਆ ਵਿਵਸਥਾ 'ਤੇ ਗੰਭੀਰ ਪ੍ਰਸ਼ਨ ਚਿੰਨ੍ਹ ਲਗਾਉਂਦਾ ਹੈ। ਇਸ ਹਮਲੇ ਤੋਂ ਅਨੁਮਾਨ ਹੋ ਜਾਂਦਾ ਹੈ ਕਿ ਸੁਰੱਖਿਆ ਘੇਰੇ ਵਿਚ ਆਉਣ ਵਾਲੇ ਵਿਅਕਤੀ ਵੀ ਸੁਰੱਖਿਅਤ ਨਹੀਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਹਾਂਬੀਰ ਸਿੰਘ ਧਾਲੀਵਾਲ ਜ਼ਿਲ੍ਹਾ ਜਨਰਲ ਸਕੱਤਰ ਨੇ ਪ੍ਰਤੀਨਿਧ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਹ ਹਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਦੁੱਤੀ ਪਰੰਪਰਾ 'ਤੇ ਹਮਲਾ ਹੈ ਅਤੇ ਸਿੰਘ ਸਾਹਿਬਾਨ ਵਲੋਂ ਦਿੱਤੇ ਹੁਕਮਾਂ ਦੀ ਹੁਕਮ ਅਸੂਲੀ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਅਤੇ ਨਿਆਇਕ ਪ੍ਰਣਾਲੀ ਨੂੰ ਅਪੀਲ ਕੀਤੀ ਹੈ ਕਿ ਹਮਲਾਵਰ ਨੂੰ ਕੀਤੇ ਗੁਨਾਹ ਦੇ ਮੁਤਾਬਿਕ ਸਖ਼ਤ ਸਜ਼ਾ ਦਿੱਤੀ ਜਾਵੇ।

ਮਹਾਂਬੀਰ ਸਿੰਘ ਧਾਲੀਵਾਲ

ਯਾਦਗਾਰੀ ਗੇਟ ਦਾ ਰੀਬਨ ਕੱਟ ਕੇ ਉਦਘਾਟਨ ਕਰਦੇ ਹੋਏ ਡਾ: ਐੱਸ.ਪੀ. ਸਿੰਘ ਓਬਰਾਏ, ਸਵ. ਝਰਮਲ ਸਿੰਘ ਢਿੱਲੋਂ ਦੀ ਧੀ ਜਸ਼ਨਪ੍ਰੀਤ ਕੌਰ, ਸੁਭਾਸ਼ ਗੋਇਲ, ਬੀ.ਕੇ. ਲਾਭ ਅਤੇ ਹੋਰ। (ਸੱਜੇ) ਡਾ: ਐੱਸ.ਪੀ. ਸਿੰਘ ਓਬਰਾਏ ਨੂੰ ਸਨਮਾਨ ਚਿੰਨ ਭੇਟ ਕਰਨ ਸਮੇਂ ਗੁਰੂ ਅੰਗਦ ਦੇਵ ਵਾਤਾਵਰਨ ਵੈੱਲਫੇਅਰ ਸੁਸਾਇਟੀ ਪਿੰਡ ਝੋਕ ਹਰੀ ਹਰ ਦੇ ਪ੍ਰਧਾਨ ਕਰਨਬੀਰ ਸਿੰਘ ਸੰਧੂ ਅਤੇ ਹੋਰ। ਤਸਵੀਰ : ਲਖਵਿੰਦਰ ਸਿੰਘ

ਡਾ. ਐੱਸ.ਪੀ. ਸਿੰਘ ਓਬਰਾਏ ਵਲੋਂ ਸਵ: ਝਰਮਲ ਸਿੰਘ ਯਾਦਗਾਰੀ ਗੇਟ ਦਾ ਉਦਘਾਟਨ

ਫ਼ਿਰੋਜ਼ਪੁਰ, 8 ਦਸੰਬਰ (ਲਖਵਿੰਦਰ ਸਿੰਘ)- ਸਵ: ਝਰਮਲ ਸਿੰਘ ਢਿੱਲੋਂ ਦੀ ਯਾਦ ਨੂੰ ਤਾਜ਼ਾ ਰੱਖਦਿਆਂ ਪਿੰਡ ਝੋਕ ਹਰੀ ਹਰ ਦੀ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਵਲੋਂ ਕੀਤੇ ਉੱਦਮ ਸਦਕਾ ਸਮਾਜ ਸੇਵੀਆਂ ਦੇ ਸਹਿਯੋਗ ਨਾਲ ਸਥਾਨਕ ਸਰਕਾਰੀ ਹਾਈ ਸਕੂਲ ਦੇ ਖੇਡ ਗਰਾਊਂਡ ਦਾ ਗੇਟ ਸਵ: ਝਰਮਲ ਸਿੰਘ ਯਾਦਗਾਰੀ ਗੇਟ ਵਜੋਂ ਤਿਆਰ ਕਰਵਾਇਆ ਗਿਆ ਸੀ, ਜਿਸ ਦਾ ਰਸਮੀ ਉਦਘਾਟਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐੱਸ.ਪੀ. ਸਿੰਘ ਓਬਰਾਏ ਅਤੇ ਸਵ: ਝਰਮਲ ਸਿੰਘ ਦੀ ਬੇਟੀ ਜਸ਼ਨਪ੍ਰੀਤ ਕੌਰ ਵਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਵੈਦਵਾਨ ਆਯੁਰਵੈਦ ਅਤੇ ਹਰਬਲ ਮੈਡੀਸਨ ਪ੍ਰਾਈਵੇਟ ਲਿਮਟਿਡ ਕੰਪਨੀ ਚੰਡੀਗੜ੍ਹ ਦੇ ਐਮ.ਡੀ. ਸੁਭਾਸ਼ ਗੋਇਲ, ਨਿਰਮਲ ਸਿੰਘ ਜੌੜਾ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ, ਜੈਨ ਇਰੀਗੇਸ਼ਨ ਕੰਪਨੀ ਜਲਗਾਓਂ ਮਹਾਰਾਸ਼ਟਰ ਦੇ ਵਾਈਸ ਪ੍ਰਧਾਨ ਬੀ.ਕੇ. ਲਾਭ, ਸੁਖਜੀਤ ਸਿੰਘ ਚੀਮਾ ਐਮ.ਡੀ. ਪੁਖਰਾਜ ਹੈਲਥ ਕੇਅਰ ਪ੍ਰਾਈਵੇਟ ਲਿਮਟਿਡ ਜਲੰਧਰ, ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਯਾ, ਸ਼ੇਰ ਜੰਗ ਸਿੰਘ ਡੀ.ਪੀ.ਆਰ.ਓ. ਅੰਮ੍ਰਿਤਸਰ, ਪੰਜਾਬੀ ਗਾਇਕ ਹਰਮਿਲਾਪ ਗਿੱਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸਰਕਾਰੀ ਹਾਈ ਸਕੂਲ 'ਚ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿਚ ਬੱਚਿਆਂ ਵਲੋਂ ਮੁੱਖ ਮਹਿਮਾਨਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਉੱਘੇ ਸਮਾਜ ਸੇਵੀ ਡਾ: ਐੱਸ.ਪੀ. ਸਿੰਘ ਓਬਰਾਏ ਨੇ ਸਵ: ਝਰਮਲ ਸਿੰਘ ਢਿੱਲੋਂ ਵਲੋਂ ਆਪਣੀ ਜ਼ਿੰਦਗੀ 'ਚ ਕੀਤੇ ਕੰਮਾਂ ਨੂੰ ਸਲਾਹਿਆ। ਡਾ: ਓਬਰਾਏ ਵਲੋਂ ਸਵ. ਝਰਮਲ ਸਿੰਘ ਢਿੱਲੋਂ ਦੀ ਧੀ ਜਸ਼ਨਪ੍ਰੀਤ ਕੌਰ ਅਤੇ ਸਕੂਲ ਨੂੰ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ। ਇਸ ਮੌਕੇ ਵਿਧਾਇਕ ਰਜਨੀਸ਼ ਦਹੀਯਾ ਨੇ ਕਿਹਾ ਕਿ ਸਵ. ਝਰਮਲ ਸਿੰਘ ਢਿੱਲੋਂ ਬਹੁਤ ਹੀ ਮਿਲਣਸਾਰ ਅਤੇ ਮਿਹਨਤੀ ਸ਼ਖਸੀਅਤ ਸਨ, ਜਿਨ੍ਹਾਂ ਦੇ ਜੀਵਨ ਤੋਂ ਸਾਨੂੰ ਸਭ ਨੂੰ ਸੇਧ ਲੈਣੀ ਚਾਹੀਦੀ ਹੈ। ਇਸ ਬਾਅਦ ਮੁੱਖ ਮਹਿਮਾਨਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਭਜਨ ਸਿੰਘ ਸੰਧੂ, ਜਥੇ: ਮਲਕੀਤ ਸਿੰਘ ਸੰਧੂ ਸਾਬਕਾ ਸਰਪੰਚ, ਗੁਰੂ ਅੰਗਦ ਦੇਵ ਵਾਤਾਵਰਨ ਵੈੱਲਫੇਅਰ ਸੁਸਾਇਟੀ ਪਿੰਡ ਝੋਕ ਹਰੀ ਹਰ ਦੇ ਪ੍ਰਧਾਨ ਕਰਨਬੀਰ ਸਿੰਘ ਸੰਧੂ, ਗੁਰਦੇਵ ਸਿੰਘ ਮਹਿਮਾ ਪ੍ਰਧਾਨ ਕੋਆਪ੍ਰੇਟਿਵ ਸੁਸਾਇਟੀ, ਨਿਰਮਲ ਸਿੰਘ ਢਿੱਲੋਂ, ਅਮਰਜੀਤ ਕੌਰ ਜ਼ਿਲ੍ਹਾ ਪ੍ਰਧਾਨ ਸਰਬੱਤ ਦਾ ਭਲਾ ਟਰੱਸਟ, ਰਣਧੀਰ ਸ਼ਰਮਾ, ਸੁਖਦੇਵ ਸਿੰਘ ਸੰਧੂ ਕੈਨੇਡਾ, ਗੁਰਬਿੰਦਰ ਸਿੰਘ ਸੰਧੂ, ਨੰਬਰਦਾਰ ਰਣਧੀਰ ਸਿੰਘ ਸੰਧੂ, ਕਸ਼ਮੀਰ ਸਿੰਘ ਸੰਧੂ, ਲਖਬੀਰ ਸਿੰਘ ਸੰਧੂ, ਇਕਬਾਲ ਸਿੰਘ ਸੰਧੂ, ਸੁਖਚੈਨ ਸਿੰਘ ਸੰਧੂ, ਗੁਰਮੀਤ ਸਿੰਘ ਉਪਲ, ਮੁੱਖ ਅਧਿਆਪਕ ਅਵਤਾਰ ਸਿੰਘ, ਅਸ਼ਵਨੀ ਸ਼ਰਮਾ ਤੇ ਸਮੂਹ ਸਟਾਫ਼, ਮਨਪ੍ਰੀਤ ਸਿੰਘ ਸੰਧੂ ਆਦਿ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

ਸਮੂਹ ਮਹਾਂਪੁਰਖਾਂ ਅਤੇ ਹੋਰ ਸ਼ਖ਼ਸੀਅਤਾਂ ਨੂੰ ਯਾਦਗਾਰ ਚਿੰਨ ਦੇ ਕੇ ਸਨਮਾਨਿਤ ਕਰਦੇ ਹੋਏ ਸਮਾਗਮ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਲਾਹਕਾਰ ਦਿਲਬਾਗ ਸਿੰਘ ਵਿਰਕ ਨੂੰ ਸਿਰਪਾਓ ਦੇ ਕੇ ਸਨਮਾਨਿਤ ਕਰਦੇ ਹੋਏ ਸਮਾਗਮ ਪ੍ਰਬੰਧਕ। ਤਸਵੀਰਾਂ- ਸੁਖਵਿੰਦਰ ਸਿੰਘ

ਦਮਦਮੀ ਟਕਸਾਲ ਦੇ ਸਮੂਹ ਮਹਾਂਪੁਰਖਾਂ ਦੀ ਯਾਦ 'ਚ ਗੁਰਮਤਿ ਸਮਾਗਮ ਕਰਵਾਏ

ਫ਼ਿਰੋਜ਼ਪੁਰ, 8 ਦਸੰਬਰ (ਸੁਖਵਿੰਦਰ ਸਿੰਘ)-ਸਿੱਖ ਸੰਗਤਾਂ ਨੂੰ ਗੁਰਮਤਿ ਨਾਲ ਜੋੜਨ ਵਾਲੀ ਸਿੱਖ ਪੰਥ ਦੀ ਮਹਾਨ ਸ਼ਖ਼ਸੀਅਤ ਦਮਦਮੀ ਟਕਸਾਲ ਦੇ ਮਹਾਂਪੁਰਖ ਗਿਆਨੀ ਮੋਹਣ ਸਿੰਘ ਭਿੰਡਰਾਂਵਾਲਿਆਂ ਦੀ ਚੌਥੀ ਬਰਸੀ ਅਤੇ ਦਮਦਮੀ ਟਕਸਾਲ ਦੇ ਸਮੂਹ ਮਹਾਂਪੁਰਖਾਂ ਦੀ ਯਾਦ 'ਚ ਗੁਰਦੁਆਰਾ ਤਪ ਅਸਥਾਨ ਗਿਆਨੀ ਮੋਹਣ ਸਿੰਘ ਭਿੰਡਰਾਂਵਾਲੇ ਪਿੰਡ ਧੀਰਾ ਪੱਤਰਾ ਵਿਖੇ ਸਾਲਾਨਾ ਚੌਥਾ ਗੁਰਮਤਿ ਸਮਾਗਮ ਕਰਵਾਇਆ, ਜਿਸ ਵਿਚ 4 ਦਸੰਬਰ ਤੋਂ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। 4-5 ਦਸੰਬਰ ਨੂੰ ਰਾਤ ਦੇ ਦੀਵਾਨ ਸਜਾਏ, ਜਿਸ ਵਿਚ ਭਾਈ ਨਵਤੇਜ ਸਿੰਘ ਪ੍ਰਚਾਰਕ ਦਮਦਮੀ ਟਕਸਾਲ, ਭਾਈ ਜਤਿੰਦਰਪਾਲ ਸਿੰਘ ਸੈਦਾਂ ਰੁਹੇਲਾ ਹਜ਼ੂਰੀ ਗੁਰਦੁਆਰਾ ਗੁਰੂ ਸਰ ਜ਼ਾਮਨੀ ਸਾਹਿਬ ਅਤੇ ਭਾਈ ਮਨਜੀਤ ਸਿੰਘ ਮਹਿਮਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਹਾਜ਼ਰੀਆਂ ਭਰੀਆਂ। 6 ਦਸੰਬਰ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਦੀਵਾਨ ਸਜਾਏ। ਜਿਸ ਵਿਚ ਸੰਤ ਗਿਆਨੀ ਹਰਭਜਨ ਸਿੰਘ ਢੁੱਡੀਕੇ, ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਗਿਆਨੀ ਜਸਵਿੰਦਰ ਸਿੰਘ ਭਿੰਡਰਾਂਵਾਲਿਆਂ ਨੇ ਹਾਜ਼ਰ ਸੰਗਤਾਂ ਨਾਲ ਗੁਰਬਾਣੀ ਦੀ ਕਥਾ ਵਿਚਾਰ ਕਰਦਿਆਂ ਸੰਤ ਗਿਆਨੀ ਮੋਹਣ ਸਿੰਘ ਭਿੰਡਰਾਂਵਾਲਿਆਂ ਦੇ ਜੀਵਨ ਅਤੇ ਦਮਦਮੀ ਟਕਸਾਲ ਦੇ ਸਮੂਹ ਮਹਾਂਪੁਰਖਾਂ ਦੇ ਜੀਵਨ ਸਬੰਧੀ ਚਾਨਣਾ ਪਾਉਂਦਿਆਂ ਸੰਗਤਾਂ ਨੂੰ ਗੁਰਮਤਿ ਨਾਲ ਜੁੜਨ ਲਈ ਪ੍ਰੇਰਿਆ, ਇਸ ਮੌਕੇ ਸੰਤ ਬਾਬਾ ਦਾਰਾ ਸਿੰਘ ਰੱਤੋ ਕੇ, ਸੰਤ ਬਾਬਾ ਦਰਸ਼ਨ ਸਿੰਘ ਬੋਰੀ ਵਾਲੇ , ਜਥੇਦਾਰ ਸੁਖਦੇਵ ਸਿੰਘ ਅਨੰਦਪੁਰ ਸਾਹਿਬ ਵਾਲੇ, ਬਾਬਾ ਸਤਨਾਮ ਸਿੰਘ ਹਜ਼ੂਰ ਸਾਹਿਬ ਵਾਲੇ, ਗਿਆਨੀ ਸੁਖਦੇਵ ਸਿੰਘ ਬੰਡਾਲਾ ਬਾਬਾ ਬੋਹੜ ਸਿੰਘ ਤੂਤਾ ਵਾਲੇ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਗਿਆਨੀ ਨਛੱਤਰ ਸਿੰਘ, ਬਾਬਾ ਨਾਜਰ ਸਿੰਘ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਜਨਰਲ ਸਕੱਤਰ ਦਿਲਬਾਗ ਸਿੰਘ ਵਿਰਕ ਨੇ ਵੀ ਹਾਜ਼ਰੀ ਲੁਆਈ। ਇਸ ਸਾਰੇ ਸਮਾਗਮ ਦੌਰਾਨ ਸਟੇਜ ਸਕੱਤਰ ਦੀ ਸੇਵਾ ਭਾਈ ਗੁਰਨਾਮ ਸਿੰਘ ਸੈਦਾਂ ਰੁਹੇਲਾ ਵਲੋਂ ਬਖ਼ੂਬੀ ਨਿਭਾਈ। ਸਮਾਗਮ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਵਲੋਂ ਸਮੂਹ ਮਹਾਂਪੁਰਖਾਂ ਅਤੇ ਹੋਰ ਸ਼ਖ਼ਸੀਅਤਾਂ, ਸ਼ਹੀਦ ਪਰਿਵਾਰਾਂ ਦੇ ਵਾਰਸਾਂ ਨੂੰ ਸਿਰਪਾਓ ਅਤੇ ਮਹਾਂਪੁਰਖਾਂ ਦੀ ਯਾਦਗਾਰ ਤਸਵੀਰ ਦੇ ਕੇ ਸਨਮਾਨਿਤ ਕੀਤਾ। ਇਹਨਾਂ ਸਮਾਗਮਾਂ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਹਰਮਨਪ੍ਰੀਤ ਸਿੰਘ ਕੈਨੇਡਾ ਨੇ ਸਮੂਹ ਸੰਗਤਾਂ, ਮਹਾਂਪੁਰਖਾਂ ਪਹੁੰਚੀਆਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

ਰੀਬਨ ਕੱਟ ਕੇ ਕੈਂਪ ਦਾ ਉਦਘਾਟਨ ਕਰਦੇ ਹੋਏ ਵਿਧਾਇਕ ਨਰੇਸ਼ ਕਟਾਰੀਆ ਅਤੇ ਮਰੀਜ਼ ਦੀ ਸਿਹਤ ਜਾਂਚ ਕਰਦੇ ਹੋਏ ਡਾਕਟਰ। ਤਸਵੀਰ-ਰਜਨੀਸ਼ ਕਬੂਰੀਆ

ਜਨਰਲ ਬਿਮਾਰੀਆਂ ਦੇ ਕੈਂਪ 'ਚ 250 ਮਰੀਜ਼ਾਂ ਦੀ ਸਿਹਤ ਜਾਂਚ

ਜ਼ੀਰਾ, 8 ਦਸੰਬਰ (ਰਜਨੀਸ਼ ਕਬੂਰੀਆ)-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਜ਼ੀਰਾ ਵਲੋਂ ਜਨਰਲ ਬਿਮਾਰੀਆਂ ਦਾ ਇਕ ਮੁਫ਼ਤ ਜਾਂਚ ਕੈਂਪ ਰਾਜੀਵ ਬਾਂਸਲ ਪ੍ਰਧਾਨ ਸ੍ਰੀ ਸਾਵਣ ਮੱਲ ਅਗਰਵਾਲ ਟਰਸਟ ਜ਼ੀਰਾ ਦੇ ਸਹਿਯੋਗ ਨਾਲ ਸਾਵਣ ਮੱਲ ਸਕੂਲ ਵਿਖੇ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਹਲਕਾ ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਨੇ ਰੀਬਨ ਕੱਟ ਕੇ ਕੀਤਾ, ਜਦੋਂਕਿ ਚੰਦ ਸਿੰਘ ਗਿੱਲ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਫ਼ਿਰੋਜ਼ਪੁਰ, ਨਗਰ ਕੌਂਸਲ ਜ਼ੀਰਾ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਜੱਜ ਅਤੇ ਧਰਮਪਾਲ ਚੁੱਘ ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ ਜ਼ੀਰਾ ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਸਨ। ਇਸ ਦੌਰਾਨ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਨਰੇਸ਼ ਕਟਾਰੀਆ ਨੇ ਭਾਰਤ ਵਿਕਾਸ ਪ੍ਰੀਸ਼ਦ ਵਲੋਂ ਸਮਾਜ ਸੇਵਾ ਦੇ ਕੰਮਾਂ 'ਚ ਪਾਏ ਜਾ ਰਹੇ ਯੋਗਦਾਨ ਦੀ